www.BibleForChildren.org

ਉਤ 6

ਇਹ ਨੂਹ ਦੀ ਵੰਸ਼ਾਵਲੀ ਹੈ। ਨੂਹ ਇੱਕ ਧਰਮੀ
ਮਨੁੱਖ ਸੀ, ਆਪਣੀ ਪੀੜ੍ਹੀ ਵਿੱਚ ਸੰਪੂਰਨ ਸੀ
ਅਤੇ ਨੂਹ ਪਰਮੇਸ਼ੁਰ ਦੇ ਨਾਲ-ਨਾਲ ਚਲਦਾ ਸੀ।
ਤਦ ਪਰਮੇਸ਼ੁਰ ਨੇ ਧਰਤੀ ਨੂੰ ਵੇਖਿਆ ਅਤੇ ਵੇਖੋ
ਉਹ ਵਿਗੜੀ ਹੋਈ ਸੀ, ਕਿਉਂ ਜੋ ਸਾਰੇ ਮਨੁੱਖਾਂ ਨੇ
ਆਪਣੇ ਚਾਲ-ਚਲਣ ਨੂੰ ਧਰਤੀ ਉੱਤੇ ਵਿਗਾੜ
ਲਿਆ ਸੀ।



ਪਰਮੇਸ਼ੁਰ ਨੇ ਨੂਹ ਨੂੰ ਆਖਿਆ, ਮੈਂ ਸਾਰੇ ਪ੍ਰਾਣੀਆਂ ਨੂੰ ਨਾਸ ਕਰਨ ਦਾ ਵਿਚਾਰ ਕਰ ਲਿਆ ਹੈ ਕਿਉਂ ਜੋ ਧਰਤੀ ਉਨ੍ਹਾਂ ਦੇ ਕਾਰਨ ਬੁਰਿਆਈ ਨਾਲ ਭਰ ਗਈ ਹੈ। ਵੇਖ ਮੈਂ ਉਨ੍ਹਾਂ ਨੂੰ ਧਰਤੀ ਦੇ ਸਮੇਤ ਨਾਸ ਕਰ ਦਿਆਂਗਾ। ਤੂੰ ਗੋਫ਼ਰ ਦੀ ਲੱਕੜੀ ਤੋਂ ਆਪਣੇ ਲਈ ਇੱਕ ਕਿਸ਼ਤੀ ਬਣਾ। ਤੂੰ ਉਸ ਕਿਸ਼ਤੀ ਵਿੱਚ ਕੋਠੜੀਆਂ ਬਣਾਈਂ ਅਤੇ ਤੂੰ ਉਸ ਨੂੰ ਅੰਦਰੋਂ ਬਾਹਰੋਂ ਰਾਲ ਨਾਲ ਲਿੱਪੀਂ।






ਉਹ ਨੂੰ ਇਸੇ ਤਰ੍ਹਾਂ ਬਣਾਈਂ, ਭਈ
ਕਿਸ਼ਤੀ ਦੀ ਲੰਬਾਈ ਤਿੰਨ ਸੌ ਹੱਥ,
ਉਹ ਦੀ ਚੌੜਾਈ ਪੰਜਾਹ ਹੱਥ ਅਤੇ
ਉਹ ਦੀ ਉਚਾਈ ਤੀਹ ਹੱਥ ਹੋਵੇ।

ਤੂੰ ਆਪਣੇ ਲਈ ਹਰ ਪ੍ਰਕਾਰ ਦੇ ਭੋਜਨ ਪਦਾਰਥਾਂ ਵਿੱਚੋਂ ਕੁਝ ਲੈ ਲੈ ਅਤੇ ਉਸ ਨੂੰ ਆਪਣੇ ਕੋਲ ਇਕੱਠਾ ਕਰ। ਉਹ ਤੇਰੇ ਲਈ ਅਤੇ ਉਨ੍ਹਾਂ ਦੇ ਲਈ ਭੋਜਨ ਹੋਵੇਗਾ।




ਤੂੰ ਸਾਰੇ ਜੀਉਂਦੇ ਪ੍ਰਾਣੀਆਂ ਵਿੱਚੋਂ ਇੱਕ-ਇੱਕ ਜੋੜਾ ਅਰਥਾਤ ਨਰ ਅਤੇ ਮਾਦਾ
ਕਿਸ਼ਤੀ ਵਿੱਚ ਲੈ ਲਈਂ ਤਾਂ ਜੋ ਤੂੰ ਉਨ੍ਹਾਂ ਨੂੰ ਆਪਣੇ ਨਾਲ ਜੀਉਂਦਾ ਰੱਖ ਸਕੇਂ।




ਸਾਰੇ ਸ਼ੁੱਧ ਪਸ਼ੂਆਂ ਵਿੱਚੋਂ ਸੱਤ-ਸੱਤ ਨਰ ਅਤੇ ਮਾਦਾ ਆਪਣੇ ਨਾਲ ਲੈ ਲੈ ਅਤੇ ਅਸ਼ੁੱਧ ਪਸ਼ੂਆਂ ਵਿੱਚੋਂ ਦੋ-ਦੋ ਨਰ ਅਤੇ ਮਾਦਾ।






ਅਤੇ ਨੂਹ, ਉਹ ਦੇ ਪੁੱਤਰ,
ਉਹ ਦੀ ਪਤਨੀ ਅਤੇ ਉਹ
ਦੀਆਂ ਨੂੰਹਾਂ ਜਲ ਪਰਲੋ ਦੇ
ਕਾਰਨ ਉਹ ਦੇ ਨਾਲ
ਕਿਸ਼ਤੀ ਵਿੱਚ ਗਏ।



ਨੂਹ ਦੇ ਜੀਵਨ ਦੇ ਛੇ ਸੌਵੇਂ ਸਾਲ ਦੇ ਦੂਜੇ ਮਹੀਨੇ
ਦੇ ਸਤਾਰਵੇਂ ਦਿਨ, ਵੱਡੀ ਡੂੰਘਿਆਈ ਦੇ ਸਾਰੇ
ਸੋਤੇ ਫੁੱਟ ਨਿੱਕਲੇ ਅਤੇ ਅਕਾਸ਼ ਦੀਆਂ ਖਿੜਕੀਆਂ
ਖੁੱਲ੍ਹ ਗਈਆਂ . . .



. . . ਅਤੇ ਧਰਤੀ ਉੱਤੇ ਚਾਲ੍ਹੀ ਦਿਨ ਅਤੇ
ਚਾਲ੍ਹੀ ਰਾਤ ਵਰਖਾ ਹੁੰਦੀ ਰਹੀ।



ਫੇਰ ਪਾਣੀ ਹੀ ਪਾਣੀ ਹੋ ਗਿਆ ਅਤੇ ਉਹ ਧਰਤੀ ਉੱਤੇ ਬਹੁਤ ਹੀ ਵੱਧ ਗਿਆ, ਅਤੇ ਕਿਸ਼ਤੀ ਪਾਣੀ ਦੇ ਉੱਤੇ ਤਰਦੀ ਰਹੀ।

ਅਤੇ ਧਰਤੀ ਦੇ ਉੱਤੇ ਪਾਣੀ ਹੀ ਪਾਣੀ ਹੋ ਗਿਆ ਅਤੇ ਸਾਰੇ ਉੱਚੇ-ਉੱਚੇ ਪਰਬਤ ਜੋ ਸਾਰੇ ਅਕਾਸ਼ ਦੇ ਹੇਠ ਸਨ, ਢੱਕੇ ਗਏ। ਜਿਨ੍ਹਾਂ ਵਿੱਚ ਜੀਵਨ ਦਾ ਸਾਹ ਸੀ ਜਿਹੜੇ ਧਰਤੀ ਉੱਤੇ ਸਨ, ਉਹ ਸਾਰੇ ਮਰ ਗਏ।

ਫੇਰ ਪਰਮੇਸ਼ੁਰ ਨੇ ਨੂਹ ਨੂੰ, ਹਰ ਜੰਗਲੀ ਜਾਨਵਰ ਨੂੰ, ਹਰ ਡੰਗਰ ਨੂੰ ਅਤੇ ਜੋ ਵੀ ਉਸ ਦੇ ਨਾਲ ਕਿਸ਼ਤੀ ਵਿੱਚ ਸਨ, ਯਾਦ ਕੀਤਾ। ਅਤੇ ਪਰਮੇਸ਼ੁਰ ਨੇ ਧਰਤੀ ਉੱਤੇ ਹਵਾ ਵਗਾਈ ਅਤੇ ਜਿਸ ਕਾਰਨ ਪਾਣੀ ਘਟਣ ਲੱਗ ਪਿਆ।






ਫਿਰ ਅਜਿਹਾ ਹੋਇਆ ਕਿ ਚਾਲ੍ਹੀਆਂ
ਦਿਨਾਂ ਦੇ ਬਾਅਦ ਨੂਹ ਨੇ ਕਿਸ਼ਤੀ ਦੀ
ਖਿੜਕੀ ਨੂੰ ਖੋਲ੍ਹ ਦਿੱਤਾ। ਉਸ ਨੇ ਇੱਕ
ਪਹਾੜੀ ਕਾਂ ਛੱਡਿਆ ਅਤੇ ਜਦ ਤੱਕ
ਪਾਣੀ ਧਰਤੀ ਤੋਂ ਨਾ ਸੁੱਕ ਗਏ, ਉਹ ਆਉਂਦਾ
ਜਾਂਦਾ ਰਿਹਾ। ਫੇਰ ਉਸ ਨੇ ਘੁੱਗੀ ਵੀ ਆਪਣੇ ਵੱਲੋਂ
ਛੱਡੀ ਤਾਂ ਜੋ ਉਹ ਵੇਖੇ ਕਿ ਪਾਣੀ ਜ਼ਮੀਨ
ਦੇ ਉੱਤੋਂ ਘੱਟ ਗਿਆ ਹੈ
ਕਿ ਨਹੀਂ।


ਦੂਜੇ ਮਹੀਨੇ ਦੇ ਸਤਾਈਵੇਂ ਦਿਨ ਧਰਤੀ ਪੂਰੀ ਤਰ੍ਹਾਂ ਸੁੱਕ ਗਈ ਸੀ। ਤਦ ਪਰਮੇਸ਼ੁਰ ਨੂਹ ਨਾਲ ਬੋਲਿਆ ਕਿ ਤੂੰ ਕਿਸ਼ਤੀ ਵਿੱਚੋਂ ਨਿੱਕਲ ਜਾ, ਤੇਰੀ ਪਤਨੀ, ਤੇਰੇ ਪੁੱਤਰ ਅਤੇ ਤੇਰੀਆਂ ਨੂੰਹਾਂ ਵੀ।




ਤਦ ਨੂਹ ਨੇ ਯਹੋਵਾਹ ਲਈ
ਇੱਕ ਜਗਵੇਦੀ ਬਣਾਈ ਅਤੇ
ਸ਼ੁੱਧ ਪਸ਼ੂਆਂ, ਸ਼ੁੱਧ ਪੰਛੀਆਂ
ਵਿੱਚੋਂ ਲੈ ਕੇ ਉਸ ਨੇ
ਜਗਵੇਦੀ ਉੱਤੇ ਹੋਮ
ਬਲੀਆਂ ਚੜ੍ਹਾਈਆਂ।




ਤਦ ਪਰਮੇਸ਼ੁਰ ਨੇ
ਆਖਿਆ, ਇਹ ਉਸ ਨੇਮ
ਦਾ ਨਿਸ਼ਾਨ ਹੈ ਜਿਹੜਾ
ਮੈਂ ਆਪਣੇ ਅਤੇ ਤੁਹਾਡੇ
ਅਤੇ ਹਰੇਕ ਜੀਵ-ਜੰਤੂ ਨਾਲ
ਜੋ ਤੁਹਾਡੇ ਸੰਗ ਹੈ, ਪੀੜ੍ਹੀਓਂ ਪੀੜ੍ਹੀ
ਸਦਾ ਲਈ ਦਿੰਦਾ ਹਾਂ।
ਮੈਂ ਬੱਦਲਾਂ ਵਿੱਚ ਆਪਣੀ
ਸਤਰੰਗੀ ਪੀਂਘ ਰੱਖੀ ਹੈ।
ਇਹ ਮੇਰੇ ਅਤੇ ਧਰਤੀ ਦੇ
ਵਿਚਕਾਰ ਨੇਮ ਦੀ ਨਿਸ਼ਾਨੀ
ਹੋਵੇਗੀ।



ਜਦੋਂ ਮੈਂ ਧਰਤੀ ਉੱਤੇ
ਬੱਦਲਾਂ ਨੂੰ ਲਿਆਵਾਂਗਾ
ਤਦ ਇਹ ਸਤਰੰਗੀ ਪੀਂਘ
ਬੱਦਲਾਂ ਵਿੱਚ ਵਿਖਾਈ
ਦੇਵੇਗੀ। ਅਤੇ ਮੈਂ ਆਪਣੇ ਨੇਮ
ਨੂੰ ਜੋ ਮੇਰੇ ਅਤੇ ਤੁਹਾਡੇ ਵਿਚਕਾਰ
ਅਤੇ ਸਾਰੇ ਜੀਉਂਦੇ
ਪ੍ਰਾਣੀਆਂ ਦੇ ਨਾਲ ਹੈ, ਯਾਦ
ਕਰਾਂਗਾ ਅਤੇ ਅਜਿਹੀ ਜਲ
ਪਰਲੋ ਫੇਰ ਕਦੇ ਨਾ ਹੋਵੇਗੀ
ਜਿਹੜੀ ਸਾਰੇ ਪ੍ਰਾਣੀਆਂ ਦਾ
ਨਾਸ ਕਰੇ।



ਪਰਮੇਸ਼ੁਰ ਨੇ ਨੂਹ ਅਤੇ ਉਹ ਦੇ
ਪੁੱਤਰਾਂ ਨੂੰ ਇਹ ਆਖ ਕੇ ਅਸੀਸ ਦਿੱਤੀ, ਫਲੋ ਅਤੇ
ਵਧੋ ਅਤੇ ਧਰਤੀ ਨੂੰ ਭਰ ਦਿਉ ਤੁਹਾਡਾ ਡਰ ਅਤੇ
ਭੈਅ ਧਰਤੀ ਦੇ ਹਰੇਕ ਜਾਨਵਰ, ਅਕਾਸ਼ ਦੇ ਹਰੇਕ
ਪੰਛੀ, ਹਰੇਕ ਪ੍ਰਾਣੀ ਉੱਤੇ ਜਿਹੜਾ ਜ਼ਮੀਨ ਉੱਤੇ
ਘਿੱਸਰਦਾ ਹੈ ਅਤੇ ਸਮੁੰਦਰ ਦੀਆਂ
ਸਾਰੀਆਂ ਮੱਛੀਆਂ ਉੱਤੇ ਹੋਵੇਗਾ,

ਕਿਉਂ ਜੋ ਉਹ ਤੁਹਾਡੇ
ਵੱਸ ਵਿੱਚ ਕੀਤੇ ਗਏ ਹਨ।

ਨੂਹ ਦੇ ਪੁੱਤਰ ਜਿਹੜੇ ਕਿਸ਼ਤੀ ਵਿੱਚੋਂ ਨਿੱਕਲੇ
ਉਹ ਸ਼ੇਮ, ਹਾਮ ਅਤੇ ਯਾਫ਼ਥ ਸਨ ਅਤੇ ਹਾਮ
ਕਨਾਨ ਦਾ ਪਿਤਾ ਸੀ। ਇਹ ਨੂਹ ਦੇ ਤਿੰਨ
ਪੁੱਤਰ ਸਨ ਅਤੇ ਇਨ੍ਹਾਂ ਤੋਂ ਹੀ ਸਾਰੀ
ਧਰਤੀ ਆਬਾਦ ਹੋਈ।



ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ
ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ
ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ
ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ
ਜੀਵਨ ਪ੍ਰਾਪਤ ਕਰੇ।

ਰੋਮੀਆਂ 3:23 ਕਿਉਂਕਿ ਸਭਨਾਂ ਨੇ ਪਾਪ ਕੀਤਾ ਅਤੇ ਪਰਮੇਸ਼ੁਰ ਦੀ ਮਹਿਮਾ ਤੋਂ ਰਹਿਤ ਹਨ।

ਰੋਮੀਆਂ 6:23 ਕਿਉਂਕਿ ਪਾਪ ਦੀ ਮਜ਼ਦੂਰੀ ਤਾਂ ਮੌਤ ਹੈ, ਪਰ ਪਰਮੇਸ਼ੁਰ ਦਾ ਵਰਦਾਨ ਸਾਡੇ ਪ੍ਰਭੂ ਮਸੀਹ ਯਿਸੂ ਵਿੱਚ ਸਦੀਪਕ ਜੀਵਨ ਹੈ।

ਇਬਰਾਨੀ 9:27 ਅਤੇ ਜਿਵੇਂ ਮਨੁੱਖਾਂ ਲਈ ਇੱਕ ਵਾਰ ਮਰਨਾ ਠਹਿਰਾਇਆ ਹੋਇਆ ਹੈ ਅਤੇ ਉਹ ਦੇ ਪਿੱਛੋਂ ਨਿਆਂ ਹੁੰਦਾ ਹੈ।

ਅਫ਼ਸੀਆਂ 2:8,9 ਕਿਉਂ ਜੋ ਤੁਸੀਂ ਕਿਰਪਾ ਤੋਂ ਵਿਸ਼ਵਾਸ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ, ਇਹ ਪਰਮੇਸ਼ੁਰ ਦੀ ਦਾਤ ਹੈ!
ਇਹ ਕਰਮਾਂ ਤੋਂ ਨਹੀਂ ਅਜਿਹਾ ਨਾ ਹੋਵੇ ਕਿ ਕੋਈ ਘਮੰਡ ਕਰੇ!

ਰੋਮੀਆਂ 10:9,10 ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਦਿਲ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਹੈ, ਤਾਂ ਤੂੰ ਜ਼ਰੂਰ ਬਚਾਇਆ ਜਾਵੇਂਗਾ।
ਧਾਰਮਿਕਤਾ ਦੇ ਲਈ ਤਾਂ ਦਿਲ ਨਾਲ ਵਿਸ਼ਵਾਸ ਕੀਤਾ ਜਾਂਦਾ ਅਤੇ
ਮੁਕਤੀ ਲਈ ਮੂੰਹ ਨਾਲ ਇਕਰਾਰ ਕੀਤਾ ਜਾਂਦਾ ਹੈ।

ਯੂਹੰਨਾ 3:16,17 ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ ਜੀਵਨ ਪ੍ਰਾਪਤ ਕਰੇ।
ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਸੰਸਾਰ ਵਿੱਚ ਇਸ ਲਈ ਨਹੀਂ ਭੇਜਿਆ ਕਿ ਦੋਸ਼ੀ ਠਹਿਰਾਵੇ ਸਗੋਂ ਇਸ ਲਈ ਜੋ ਸੰਸਾਰ ਉਸ ਰਾਹੀਂ ਬਚਾਇਆ ਜਾਵੇ।

1 ਯੂਹੰਨਾ 5:11-13 ਅਤੇ ਉਹ ਗਵਾਹੀ ਇਹ ਹੈ ਕਿ ਪਰਮੇਸ਼ੁਰ ਨੇ ਸਾਨੂੰ ਸਦੀਪਕ ਜੀਵਨ ਦਿੱਤਾ ਅਤੇ ਇਹ ਜੀਵਨ ਉਹ ਦੇ ਪੁੱਤਰ ਦੇ ਵਿੱਚ ਹੈ।
ਜਿਸ ਦੇ ਕੋਲ ਪੁੱਤਰ ਹੈ, ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ੁਰ ਦਾ ਪੁੱਤਰ ਨਹੀਂ ਹੈ, ਉਹ ਦੇ ਕੋਲ ਜੀਵਨ ਵੀ ਨਹੀਂ।
ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਲਿਖੀਆਂ ਅਰਥਾਤ ਤੁਹਾਨੂੰ ਜਿਹੜੇ ਪਰਮੇਸ਼ੁਰ ਦੇ ਪੁੱਤਰ ਦੇ ਨਾਮ ਉੱਤੇ ਵਿਸ਼ਵਾਸ ਕਰਦੇ ਹੋ ਤਾਂ ਕਿ ਤੁਸੀਂ ਜਾਣੋ ਜੋ ਸਦੀਪਕ ਜੀਵਨ ਤੁਹਾਨੂੰ ਮਿਲਿਆ ਹੈ।

ਉਤ 6 – 10

Storyline by: Edward D. Hughes

Illustrated by: Byron Unger, Lazarus and Alastair Paterson

Adapted by: M. Maillot; Tammy S.

Panjabi, Eastern Bible (pan) PNB-IRV Creative Commons License Indian Revised Version (IRV) - Punjabi (ਭਾਰਤੀ ਸੋਧਿਆ ਹੋਇਆ ਸੰਸਕਰਣ - ਪੰਜਾਬੀ), 2019 by Bridge Connectivity Solutions Pvt. Ltd.

https://live.bible.is/bible/PANDPI/GEN/1

©2026 Bible for Children, Inc.
www.M1914.org www.bibleforchildren.org